## ਸ਼੍ਰੇਣੀ ਪੰਜਵੀਂ
## ਪੰਜਾਬੀ
## (ਦੂਜੀ ਭਾਸ਼ਾ)

**ਉਦੇਸ਼**

1. ਪੜ੍ਹਨਾ
   - (ੳ) ਵਿਦਿਆਰਥੀ ਪੰਜਾਬੀ ਦੀਆਂ ਸਰਲ ਅਤੇ ਸੰਖੇਪ ਕਹਾਣੀਆਂ, ਕਵਿਤਾਵਾਂ, ਲੇਖ ਆਦਿ ਪੜ੍ਹ ਸਕੇ ।
   - (ਅ) ਉਹ ਪੰਜਾਬੀ ਦੇ ਅਖ਼ਬਾਰ, ਬਾਲ-ਰਸਾਲੇ, ਇਸ਼ਤਿਹਾਰ ਅਤੇ ਚਿੱਠੀ-ਪੱਤਰ ਆਦਿ ਪੜ੍ਹ ਸਕੇ ।
   - (ੲ) ਉਹ ਬੋਲ ਕੇ ਵਿਸਰਾਮ-ਚਿੰਨ੍ਹਾਂ ਅਨੁਸਾਰ ਢੁਕਵੇਂ ਠਹਿਰਾਅ, ਦਬਾਅ ਤੇ ਤਾਨ ਨਾਲ਼ ਪੰਜਾਬੀ ਪੜ੍ਹ ਸਕੇ ।
   - (ਸ) ਉਹ ਚੁੱਪ-ਚਾਪ ਤੇਜ਼ ਗਤੀ ਨਾਲ਼ ਪੰਜਾਬੀ ਪੜ੍ਹ ਸਕੇ ।

2. ਗ੍ਰਹਿਣ ਕਰਨਾ

   (i) ਸੁਣ ਕੇ
   - (ੳ) ਵਿਦਿਆਰਥੀ ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਪਾਠ ਨੂੰ ਸੁਣ ਕੇ ਸਮਝ ਸਕੇ ।
   - (ਅ) ਉਹ ਸ਼੍ਰੇਣੀ ਵਿੱਚ ਅਧਿਆਪਕ ਦੀ ਦਿੱਤੀ ਸੇਧਿਆ ਨੂੰ ਸਮਝ ਸਕੇ ।
   - (ੲ) ਉਹ ਸ਼੍ਰੇਣੀ ਜਾਂ ਸਕੂਲ ਸਭਾ ਵਿੱਚ ਸੁਣਾਏ ਚੁਟਕਲੇ, ਕਹਾਣੀਆਂ, ਕਵਿਤਾਵਾਂ ਆਦਿ ਨੂੰ ਸੁਣ ਕੇ ਸਮਝ ਅਤੇ ਸਲਾਹ ਸਕੇ ।
   - (ਸ) ਉਹ ਰੇਡੀਓ ਅਤੇ ਟੈਲੀਵੀਜ਼ਨ ਤੋਂ ਸੁਣੇ, ਵੇਖੇ ਬੱਚਿਆਂ ਦੇ ਪ੍ਰੋਗਰਾਮ ਆਦਿ ਨੂੰ ਸਮਝ ਅਤੇ ਸਲਾਹ ਸਕੇ ।
   - (ਹ) ਉਹ ਆਮ ਗੱਲ-ਬਾਤ ਨੂੰ ਸੁਣ ਕੇ ਸਮਝ ਸਕੇ ।
   - (ਕ) ਉਹ ਕਿਸੇ ਦਾ ਬੋਲਿਆ ਸੁਣ ਕੇ ਉਸ ਵਿਚਲੇ ਵਿਅੰਗ ਤੇ ਅਵਾਜ਼ ਦੇ ਉਤਰਾਅ- ਚੜ੍ਹਾਅ ਦੁਆਰਾ ਪ੍ਰਗਟਾਏ ਭਾਵਾਂ ਨੂੰ ਸਮਝ ਸਕੇ।

   (ii) ਪੜ੍ਹ ਕੇ
   - (ੳ) ਵਿਦਿਆਰਥੀ ਪਾਠ-ਪੁਸਤਕ ਵਿਚਲੀ ਕਹਾਣੀ ਪੜ੍ਹ ਕੇ ਉਸ ਦੇ ਘਟਨਾ-ਕ੍ਰਮ ਨੂੰ ਸਮਝ ਸਕੇ ।
   - (ਅ) ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਦੇ ਸਾਰ ਨੂੰ ਸਮਝ ਸਕੇ। ਉਸ ਸੰਬੰਧੀ ਪੁੱਛੇ ਸਧਾਰਨ ਸਵਾਲਾਂ ਦੇ ਉੱਤਰ ਦੇਣ ਦੇ ਯੋਗ ਹੋ ਸਕੇ ।
   - (ੲ) ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਵਿਚਲੇ ਭਾਵ ਜਾਂ ਸਿੱਖਿਆ ਨੂੰ ਗ੍ਰਹਿਣ ਕਰ ਸਕੇ ।
   - (ਸ) ਬਾਲ-ਸਾਹਿਤ, ਅਖ਼ਬਾਰ ਅਤੇ ਕੋਈ ਚਿੱਠੀ ਜਾਂ ਰੁੱਕਾ ਪੜ੍ਹ ਕੇ ਸਮਝ ਸਕੇ ।
   - (ਹ) ਵਿਸਰਾਮ-ਚਿੰਨ੍ਹਾਂ ਨੂੰ ਸਮਝਦਾ ਹੋਇਆ ਲਿਖਤ ਵਿੱਚ ਪ੍ਰਗਟਾਏ ਹੈਰਾਨੀ ਤੇ ਖ਼ੁਸ਼ੀ ਆਦਿ ਦੇ ਭਾਵਾਂ ਨੂੰ ਸਮਝ ਸਕੇ।
   - (ਕ) ਨਾਂਵ, ਪੜਨਾਂਵ, ਵਿਸ਼ੇਸ਼ਣ, ਕਿਰਿਆ, ਲਿੰਗ, ਵਚਨ ਆਦਿ ਵਿਆਕਰਨਿਕ ਭੇਦਾਂ ਵਿਚਲੇ ਨਿਖੇੜ ਨੂੰ ਸਮਝ ਸਕੇ ।

3. ਪ੍ਰਗਟਾਅ

   (i) ਮੌਖਿਕ
   - (ੳ) ਵਿਦਿਆਰਥੀ ਪਾਠ-ਪੁਸਤਕ ਵਿਚਲੇ ਪੜ੍ਹੇ ਪਾਠ ਬਾਰੇ ਪੁੱਛੇ ਨਿੱਕੇ ਸਰਲ ਪ੍ਰਸ਼ਨਾਂ ਦੇ ਉੱਤਰ ਦੇ ਸਕੇ ।
   - (ਅ) ਪੜ੍ਹੀ ਜਾਂ ਸੁਣੀ ਹੋਈ ਕਿਸੇ ਕਹਾਣੀ ਨੂੰ ਆਪਣੇ ਸ਼ਬਦਾਂ ਵਿੱਚ ਸੁਣਾ ਸਕੇ।
   - (ੲ) ਆਪਣੇ ਸਾਥੀ ਵਿਦਿਆਰਥੀ ਨਾਲ਼ ਬਿਨ੍ਹਾਂ ਝਿਜਕ ਗੱਲ-ਬਾਤ ਕਰ ਸਕੇ ।
   - (ਸ) ਆਪਣੀ ਪਾਠ-ਪੁਸਤਕ ਵਿੱਚੋਂ ਜਾਂ ਕਿਸੇ ਹੋਰ ਪੜ੍ਹਨ-ਸਮਗਰੀ ਵਿੱਚੋਂ ਕੋਈ ਕਵਿਤਾ ਜਾਂ ਗੀਤ ਯਾਦ ਕਰਕੇ ਸੁਣਾ ਸਕੇ।
   - (ਹ) ਆਪਣੀ ਸ਼੍ਰੇਣੀ ਜਾਂ ਸਕੂਲ-ਸਭਾ ਵਿੱਚ ਕੋਈ ਦਿਲਚਸਪ ਗੱਲ ਜਾਂ ਘਟਨਾ ਸੁਣਾ ਸਕੇ ।

   (ii) ਲਿਖਤੀ
   - (ੳ) ਵਿਦਿਆਰਥੀ ਗੁਰਮੁਖੀ ਅੱਖਰਾਂ ਨੂੰ ਸੋਹਣਾ-ਸੋਹਣਾ ਕਰਕੇ ਅਤੇ ਅੱਖਰਾਂ ਦੀ ਬਣਾਵਟ ਨੂੰ ਆਕਰਸ਼ਕ ਬਣਾ ਕੇ ਲਿਖ ਸਕੇ ।
   - (ਅ) ਪਾਠ-ਪੁਸਤਕ ਵਿੱਚੋਂ ਦਿਲਚਸਪ ਪੈਰੇ ਜਾਂ ਮਨ-ਪਸੰਦ ਕਵਿਤਾ ਦੀਆਂ ਤੁਕਾਂ ਆਦਿ ਨੂੰ ਖ਼ੂਬਸੂਰਤੀ ਨਾਲ਼ ਲਿਖ ਸਕੇ।
   - (ੲ) ਪਾਠ-ਅਭਿਆਸਾਂ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖ ਸਕੇ ।
   - (ਸ) ਆਪਣੇ ਘਰ ਜਾਂ ਸ਼੍ਰੇਣੀ ਦੀ ਦੀਵਾਰ ਉੱਤੇ ਲਾਉਣ ਲਈ ਸੋਹਣੇ ਮੋਟੋ ਲਿਖੇ ਸਕੇ ।
   - (ਹ) ਆਪਣੀ ਲੋੜ ਜਾਂ ਦਿਲਚਸਪੀ ਦੀ ਕੋਈ ਚੀਜ਼ ਨੋਟ ਕਰ ਸਕੇ ।

2. ਲਿਖਤੀ ਰਚਨਾ
   - (ੳ) ਹੇਠ ਲਿਖਿਆਂ ਵਿੱਚੋਂ ਲਗ-ਪਗ ਦਸ ਵਿਸ਼ਿਆਂ ਬਾਰੇ 15-20 ਵਾਕ ਲਿਖ ਸਕੇ :
     ਮੇਰੀ ਬਸਤਾ/ਮੇਰੀ ਕਿਤਾਬ, ਸਾਡਾ ਘਰ/ਸਕੂਲ, ਸਾਡਾ ਪਿੰਡ/ਸ਼ਹਿਰ, ਪਾਲਤੂ ਪਸ਼ੂ ਜਾਂ ਪੰਛੀ, ਡਾਕੀਆ/ ਚੌਕੀਦਾਰ, ਮੇਰਾ ਅਧਿਆਪਕ, ਦਿਵਾਲੀ, ਦੁਸਹਿਰਾ ਅਤੇ ਵਰਖਾ-ਰੁੱਤ ਆਦਿ।
   - (ਅ) ਬਿਨੈ-ਪੱਤਰ/ਚਿੱਠਿਆ
     - (i) ਬਿਨੈ-ਪੱਤਰ
       ਛੁੱਟੀ ਲੈਣ, ਮੈਚ ਖੇਡਣ ਦੀ ਆਗਿਆ ਲੈਣ, ਜੁਰਮਾਨਾ ਮਾਫ਼ ਕਰਵਾਉਣ ਆਦਿ ਬਾਰੇ ਸਕੂਲ ਦੇ ਮੁਖੀ ਨੂੰ ਬਿਨੈ-ਪੱਤਰ।
     - (ii) ਚਿੱਠੀਆ :
       ਮਿੱਤਰ/ਸਹੇਲੀ, ਸਾਕ-ਸੰਬੰਧੀਆਂ ਨੂੰ ਚਿੱਠੀਆਂ, ਕੁੱਲ ਬਿਨੈ-ਪੱਤਰ/ਚਿੱਠੀਆਂ-ਦਸ
   - (ੲ) ਅਧਿਆਪਕ ਜਾਂ ਜਮਾਤ ਵਿੱਚ ਬੋਲ ਕੇ ਲਿਖਵਾਏ ਸ਼ਬਦਾਂ, ਵਾਕਾਂ, ਪੈਰਿਆਂ ਨੂੰ ਸ਼ਬਦ-ਜੋੜਾਂ ਪੱਖੋਂ ਸ਼ੁੱਧ ਲਿਖਣਾ ।
   - (ਸ) ਪਾਠ-ਅਭਿਆਸ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖਣੇ ।

ਨਿਰਧਾਰਿਤ ਪਾਠ-ਪੁਸਤਕ-

**ਪੰਜਾਬੀ ਪਾਠ-ਪੁਸਤਕ-5 (ਦੂਜੀ ਭਾਸ਼ਾ) (ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)**